# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 15-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ  ਰਾਂਚੀ ਹਵਾਈ ਅੱਡੇ ਤੋਂ ਛੇ ਵੰਦੇ ਭਾਰਤ ਰੇਲ ਗੱਡੀਆਂ ਨੂੰ **ਹਰੀ** ਝੰਡੀ  ਕੇ ਰਵਾਨਾ ਕੀਤਾ
- ਦਿੱਲੀ ਦੇ ਮੁਖ ਮੰਤਰੀ ਅਰਵਿੰਦ ਕੇਜਰੀਵਾਲ ਵਲੋਂ ਅਸਤੀਫੇ ਦਾ ਐਲਾਨ
- ਪੰਜਾਬ ਸਰਕਾਰ ਲੋੜਵੰਦਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਦੇਣ ਲਈ ਵਚਨਵੱਧ
- ਖੇਡਾਂ ਵਤਨ ਪੰਜਾਬ ਦੀਆਂ ਤਹਿਤ ਵੱਖ ਵੱਖ ਥਾਈਂ ਖੇਡ ਮੁਕਾਬਲੇ ਜਾਰੀ

---------------------------------------------------------------

ਪਹਿਲਾਂ ਪ੍ਰਧਾਨ ਮੰਤਰੀ ਮੋਦੀ ਨੇ ਅੱਜ ਰਾਂਚੀ ਹਵਾਈ ਅੱਡੇ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਟਾਟਾਨਗਰ-ਪਟਨਾ ਸਮੇਤ ਛੇ ਵੰਦੇ ਭਾਰਤ ਰੇਲ ਗੱਡੀਆਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਓਹਨਾਂ ਨੇ ਝਾਰਖੰਡ ਦੇ 660 ਕਰੋੜ ਰੁਪਏ ਤੋਂ ਵੱਧ ਦੇ ਵਖ ਵਖ ਰੇਲਵੇ ਪ੍ਰੋਜੈਕਟਾਂ ਦਾ ਨੀਂਹ

ਪੱਥਰ ਵੀ ਰੱਖਿਆ ਅਤੇ ਇਹਨਾਂ ਨੂੰ ਦੇਸ਼ ਨੂੰ ਸਮਰਪਿਤ ਵੀ ਕੀਤਾ। ਸ੍ਰੀ ਮੋਦੀ ਅੱਜ ਸਵੇਰੇ ਜਮਸ਼ੇਦਪੁਰ ਲਈ ਰਵਾਨਾ ਹੋਣ ਲਈ ਰਾਂਚੀ ਹਵਾਈ ਅੱਡੇ ’ਤੇ ਪੁੱਜੇ ਪਰ ਘੱਟ ਦਿੱਖਤਾ ਅਤੇ ਖ਼ਰਾਬ ਮੌਸਮ ਕਾਰਨ ਉਨ੍ਹਾਂ ਦਾ ਹੈਲੀਕਾਪਟਰ ਉਡਾਣ ਨਹੀਂ ਭਰ ਸਕਿਆ। ਵੀਡੀਓ ਕਾਨਫਰੰਸਿੰਗ ਰਾਹੀਂ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ ਕਿ ਵੰਦੇ ਭਾਰਤ ਰੇਲ ਗੱਡੀਆਂ ਸੈਰ-ਸਪਾਟਾ ਸਨਅਤ ਨੂੰ ਹੁਲਾਰਾ ਦੇਣਗੀਆਂ। ਇਸ ਨਾਲ ਰੁਜ਼ਗਾਰ ਦੇ ਮੌਕੇ ਵੀ ਵਧਣਗੇ। ਪ੍ਰਧਾਨ ਮੰਤਰੀ ਮੋਦੀ ਨੇ ਲਾਭਪਾਤਰੀਆਂ ਨੂੰ ਪ੍ਰਧਾਨ ਮੰਤਰੀ ਆਵਾਸ ਯੋਜਨਾ- ਗ੍ਰਾਮੀਣ ਦੀ ਪਹਿਲੀ ਕਿਸ਼ਤ ਵੀ ਜਾਰੀ ਕੀਤੀ। ਲਾਭਪਾਤਰੀਆਂ ਦੇ ਬੈਂਕ ਖਾਤੇ ਵਿੱਚ 32 ਕਰੋੜ ਰੁਪਏ ਡਿਜੀਟਲ ਰੂਪ ਵਿੱਚ ਟਰਾਂਸਫਰ ਕੀਤੇ ਗਏ। ਇਸ ਤੋਂ ਇਲਾਵਾ 32 ਹਜ਼ਾਰ ਮਕਾਨਾਂ ਦੇ ਮਨਜ਼ੂਰੀ ਪੱਤਰ ਵੀ ਵੰਡੇ ਗਏ। 46,ਹਜ਼ਾਰ ਲਾਭਪਾਤਰੀਆਂ ਦੇ ਨਵੇਂ ਬਣੇ ਮਕਾਨਾਂ ਲਈ ਇੱਕ ਗ੍ਰਹਿ – ਪ੍ਰਵੇਸ਼ ਸਮਾਰੋਹ ਕਰਾਇਆ ਗਿਆ .ਪ੍ਰਧਾਨ ਮੰਤਰੀ ਨੇ ਕਿਹਾ ਕਿ ਜਦੋਂ ਕਿਸੇ ਪਰਿਵਾਰ ਨੂੰ ਆਪਣਾ ਘਰ ਮਿਲਦਾ ਏ ਤਾਂ ਓਹਨਾਂ ਦਾ ਆਤਮ ਸਨਮਾਨ ਵਧ ਜਾਂਦਾ ਏ . byte -PM on AWAS ਲੋਕਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਮੋਦੀ ਨੇ ਕਿਹਾ ਕਿ ਅਗਲੇ ਪੰਜ ਸਾਲਾਂ ਵਿੱਚ ਦੋ ਕਰੋੜ ਵਾਧੂ ਘਰ ਬਣਾਏ ਜਾਣਗੇ। ਉਨ੍ਹਾਂ ਕਿਹਾ ਕਿ ਕਬਾਇਲੀ, ਫਾਇਦਿਆਂ ਤੋਂ

ਵਾਂਝੇ, ਦਲਿਤ, ਦਿਵਯਾਂਗ ਅਤੇ ਔਰਤਾਂ ਦੇਸ਼ ਦੀ ਤਰਜੀਹੀ ਸੂਚੀ ਵਿੱਚ ਨੇ .BYTE – pm MODI ON EASTERN

---------------------------------------------------------------------------

ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਐਲਾਨ ਕੀਤਾ ਏ ਕਿ ਉਹ ਦੋ ਦਿਨਾਂ ਬਾਅਦ ਮੁੱਖ ਮੰਤਰੀ ਅਹੁਦੇ ਤੋਂ ਅਸਤੀਫਾ ਦੇ ਦੇਣਗੇ । ਉਨ੍ਹਾਂ ਕਿਹਾ ਕਿ ਅਗਲੇ ਦੋ ਦਿਨਾਂ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੀ ਮੀਟਿੰਗ ਕਰਕੇ ਨਵੇਂ ਮੁੱਖ ਮੰਤਰੀ ਦਾ ਫੈਸਲਾ ਕੀਤਾ ਜਾਵੇਗਾ। ਕੇਜਰੀਵਾਲ ਨੇ ਮੰਗ ਕੀਤੀ ਏ ਕਿ ਦਿੱਲੀ ਵਿੱਚ ਵਿਧਾਨ ਸਭਾ ਚੋਣਾਂ ਜੋ ਅਗਲੇ ਸਾਲ ਫਰਵਰੀ ਵਿੱਚ ਹੋਣੀਆਂ ਨੇ, ਮਹਾਰਾਸ਼ਟਰ ਦੀਆਂ ਚੋਣਾਂ ਦੇ ਨਾਲ ਇਸ ਸਾਲ ਨਵੰਬਰ ਵਿੱਚ ਕਰਵਾਈਆਂ ਜਾਣ। ਰਾਸ਼ਟਰੀ ਰਾਜਧਾਨੀ ਵਿੱਚ ਪਾਰਟੀ ਦਫ਼ਤਰ ਵਿੱਚ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਕੇਜਰੀਵਾਲ ਨੇ ਕਿਹਾ ਕਿ ਉਹ ਉਦੋਂ ਤੱਕ ਮੁੱਖ ਮੰਤਰੀ ਦੀ ਕੁਰਸੀ ’ਤੇ ਨਹੀਂ ਬੈਠਣਗੇ ਜਦੋਂ ਤੱਕ ਲੋਕ ਆਪਣਾ ਫੈਸਲਾ ਨਹੀਂ ਦਿੰਦੇ।ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਦਿੱਲੀ ਆਬਕਾਰੀ ਨੀਤੀ  ਮਾਮਲੇ 'ਚ ਕੇਜਰੀਵਾਲ ਨੂੰ ਜ਼ਮਾਨਤ ਦੇ ਦਿੱਤੀ ਸੀ।

---------------------------------------------------------------------------

ਭਾਜਪਾ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਆਪਣੇ ਅਹੁਦੇ ਤੋਂ ਅਸਤੀਫਾ ਦੇਣ ਦੇ ਐਲਾਨ ਨੂੰ ਆਪਣਾ ਅਕਸ ਠੀਕ ਕਰਨ

ਲਈ ਕੀਤੀ ਕਾਰਵਾਈ ਕਰਾਰ ਦਿੱਤਾ ਏ । ਮੀਡੀਆ ਨਾਲ ਗੱਲਬਾਤ ਕਰਦਿਆਂ ਪਾਰਟੀ ਦੇ ਬੁਲਾਰੇ ਪ੍ਰਦੀਪ ਭੰਡਾਰੀ ਨੇ ਇਲ੍ਜ਼ਾਮ ਲਾਇਆ ਕਿ ਸ੍ਰੀ ਕੇਜਰੀਵਾਲ ਹੁਣ ਸਮਝ ਗਏ ਨੇ ਕਿ ਦਿੱਲੀ ਦੇ ਲੋਕਾਂ ਵਿੱਚ ਉਨ੍ਹਾਂ ਦਾ ਅਕਸ ਇੱਕ ਇਮਾਨਦਾਰ ਨੇਤਾ ਦਾ ਨਹੀਂ ਏ ।BYTE --

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਇੰਜੀਨੀਅਰ ਦਿਵਸ 'ਤੇ ਸ਼ੁਭਕਾਮਨਾਵਾਂ ਦਿੱਤੀਆਂ ਨੇ . ਇੱਕ ਸੋਸ਼ਲ ਮੀਡੀਆ ਪੋਸਟਵਿੱਚ, ਪ੍ਰਧਾਨ ਮੰਤਰੀ ਨੇ ਤਰੱਕੀ, ਤੇ ਨਵੀਆਂ ਕਾਢਾਂ ਨੂੰ ਅੱਗੇ ਵਧਾਉਣ ਅਤੇ ਵੱਖ-ਵੱਖ ਖੇਤਰਾਂ ਵਿੱਚ ਗੰਭੀਰ ਚੁਣੌਤੀਆਂ ਨਾਲ ਨਜਿੱਠਣ ਵਿੱਚ ਇੰਜੀਨੀਅਰਾਂ ਦੇ ਅਹਿਮ ਯੋਗਦਾਨ ਨੂੰ ਮਾਨਤਾ ਦਿੱਤੀ ਏ। ਓਹਨਾਂ ਨੇ ਸਰ ਐਮ. ਵਿਸ਼ਵੇਸ਼ਵਰਿਆ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ, ਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇੰਜੀਨੀਅਰਿੰਗ ਵਿੱਚ ਉਨ੍ਹਾਂ ਦਾ ਯੋਗਦਾਨ ਪ੍ਰੇਰਨਾ ਸਰੋਤ ਬਣਿਆ ਹੋਇਆ ਏ .

---------------------------------------------------------------------

ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਏ ਪੰਜਾਬ ਸਰਕਾਰ ਸੂਬੇ ਦੇ ਹਰੇਕ ਵਰਗ ਦੀ ਸੱਚੀ ਹਮਦਰਦ ਏ . ਉਹਨਾ ਕਿਹਾ ਕਿ ਪੰਜਾਬ ਸਰਕਾਰ ਇਸ ਗੱਲੋਂ ਪੂਰੀ ਤਰ੍ਹਾਂ ਵਚਨਬੱਧ ਏ ਕਿ ਸਾਰੀਆਂ ਸਰਕਾਰੀ ਸਕੀਮਾਂ ਦਾ ਲਾਭ ਲੋੜਵੰਦਾਂ ਨੂੰ

ਬਿਨ੍ਹਾਂ ਕਿਸੇ ਦੇਰੀ ਤੋਂ ਪਹੁੰਚਾਇਆ ਜਾਵੇ। ਉਹਨਾਂ ਨੇ ਅੱਜ ਸਮਾਣਾ ਵਿਖੇ ਹਲਕੇ ਦੇ 237 ਲਾਭਪਾਤਰੀਆਂ ਨੂੰ ਕੱਚੇ ਘਰਾਂ ਨੂੰ ਪੱਕੇ ਕਰਨ ਲਈ ਸਰਕਾਰ ਵੱਲੋਂ ਦਿੱਤੀ ਗ੍ਰਾਂਟ ਦੀ ਪਹਿਲੀ ਕਿਸ਼ਤ ਉਨ੍ਹਾਂ ਦੇ ਖਾਤਿਆਂ ਵਿੱਚ ਪਾਏ ਜਾਣ ਦੇ ਸਰਟੀਫਿਕੇਟ ਵੰਡੇ। ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ) ਤਹਿਤ ਲੋੜਵੰਦ ਲਾਭਪਾਤਰੀਆਂ ਦੀ ਚੋਣ ਬਿਨ੍ਹਾਂ ਕਿਸੇ ਸਿਫ਼ਾਰਿਸ਼ ਅਤੇ ਪਾਰਦਰਸ਼ੀ ਢੰਗ ਨਾਲ ਕੀਤੀ ਗਈ ਏ ਤਾਂ ਕਿ ਅਸਲ ਲਾਭਪਾਤਰੀਆਂ ਨੂੰ ਸਰਕਾਰ ਦੀ ਇਸ ਸਕੀਮ ਦਾ ਹੇਠਲੇ ਪੱਧਰ ਤੱਕ ਲਾਭ ਮਿਲ ਸਕੇ।

---------------------------------------------------------------------

ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਜਲੰਧਰ ਵੱਲੋਂ, ਸ਼੍ਰੀ ਸਿੱਧ ਬਾਬਾ ਸੋਢਲ ਮੇਲੇ ਨੂੰ ਧਿਆਨ ਵਿੱਚ ਰੱਖਦੇ ਹੋਏ 17 ਸਤੰਬਰ ਨੂੰ ਸ਼ਹਿਰ ਵਿੱਚ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਗਿਆ ਏ । 17 ਸਤੰਬਰ ਨੂੰ ਜਲੰਧਰ ਦੇ ਸਾਰੇ ਸਰਕਾਰੀ ਦਫ਼ਤਰ, ਸਕੂਲ ਅਤੇ ਕਾਲਜ ਸਮੇਤ ਹੋਰ ਅਦਾਰੇ ਬੰਦ ਰਹਿਣਗੇ। ਮੇਲੇ ਨੂੰ ਲੈ ਕੇ ਵੱਡੇ ਪੱਧਰ ਉਤੇ ਤਿਆਰੀਆਂ ਚੱਲ ਰਹੀਆਂ ਨੇ । ਇਸ ਮੇਲੇ ਵਿੱਚ ਵੱਡੀ ਗਿਣਤੀ ਲੋਕ ਪਹੁੰਚਦੇ ਨੇ ।

---------------------------------------------------------------------

ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪੁਲਿਸ ਮੁਖੀ ਤੁਸ਼ਾਰ ਗੁਪਤਾ ਦੀ ਅਗਵਾਈ ਵਿਚ ਸ਼ਰਾਰਤੀ ਅਨਸਰਾਂ ਅਤੇ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਮਹਿਮ ਤਹਿਤ 24 ਘੰਟਿਆਂ ਚ 14 ਹਾਜ਼ਰ 500 ਗੋਲੀਆਂ ,700 ਗ੍ਰਾਮ ਅਫ਼ੀਮ ਅਤੇ 10 ਕਿਲੋ ਭੁੱਕੀ  ਬਰਾਮਦ ਕੀਤੀ ਗਈ  ਏ। ਜਿਲ੍ਹਾ ਪੁਲਿਸ ਮੁਖੀ  ਨੇ ਦੱਸਿਆ ਕਿ ਪੁਲਿਸ ਵੱਲੋਂ  ਚੈਕਿੰਗ  ਦੌਰਾਨ , ਪਿੰਡ ਕੋਟਲੀ ਦੇਵਨ ਚ ਮੋਟਰਸਾਈਕਲ ਸਵਾਰ ਦੀ ਪੁਲਿਸ ਵੱਲੋਂ ਤਲਾਸ਼ੀ ਲੈਣ ਤੇ ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ ਨੇ ।  ਓਥੇ ਹੀ ਬਠਿੰਡਾ ਰੋਡ ਤੇ ਭਾਈ ਦਾਨ ਸਿੰਘ ਯਾਦਗਾਰੀ ਗੇਟ ਕੋਲ  ਸਿਲਵਰ ਰੰਗ ਦੀ ਕਾਰ  ਵਿੱਚੋਂ 700 ਗ੍ਰਾਮ ਅਫੀਮ  ਅਤੇ  ਥਾਣਾ ਲੰਬੀ ਪੁਲਿਸ ਦੁਆਰਾ, ਜਵੰਧਾ ਪੱਤੀ ਜ਼ਿਲ੍ਹਾ ਸੰਗਰੂਰ ਦੇ ਵਸਨੀਕ ਦੋ ਵਿਅਕਤੀਆਂ  ਕੋਲੋਂ  10 ਕਿਲੋ ਭੁੱਕੀ ਬਰਾਮਦ ਕੀਤੀ ਗਈ ਏ। ਪੁਲਿਸ ਵੱਲੋਂ ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਖਿਲਾਫ ਮੁਕਦਮਾ  ਐਨ.ਡੀ.ਪੀ.ਐਸ ਐਕਟ ਤਹਿਤ ਥਾਣਾ ਸਦਰ ਸ਼੍ਰੀ ਮੁਕਤਸਰ ਸਾਹਿਬ ਵਿਖੇ ਦਰਜ ਕੀਤਾ ਗਿਆ ਏ ।

-------------------------------------------------------------------------

ਨੌਜਵਾਨਾਂ ਲਈ ਅਰਧ ਸੈਨਿਕ ਬਲਾਂ ਵਿੱਚ ਭਰਤੀ ਸਿਖਲਾਈ ਕੈਂਪ ਸੀ ਪਾਈਟ ਕੈਂਪ ਨਾਭਾ, ਜ਼ਿੱਲਾ ਪਟਿਆਲਾ ਵਿਖੇ ਲਗਾਇਆ ਜਾ ਰਿਹਾ ਏ I ਸੀ ਪਾਈਟ ਨਾਭਾ ਦੇ ਟਰੇਨਿੰਗ ਅਫ਼ਸਰ ਨੇ ਦੱਸਿਆ ਕਿ ਅਰਧ ਸੈਨਿਕ ਬਲਾਂ ਵਿੱਚ ਨੌਜਵਾਨਾਂ ਦੀ ਭਰਤੀ ਸਬੰਧੀ ਨੋਟੀਫਿਕੇਸ਼ਨ ਜਾਰੀ ਹੋ

ਚੁਕਿਆ ਏ । ਸਿਖਲਾਈ ਦੇ ਚਾਹਵਾਨ ਨੌਜਵਾਨ 5 ਸਤੰਬਰ ਤੋਂ 14 ਅਕਤੂਬਰ ਤੱਕ ਆਨ ਲਾਈਨ ਅਪਲਾਈ ਕਰ ਸਕਦੇ ਹਨ। ਇਸ ਸਿਖਲਾਈ ਲਈ ਪਟਿਆਲਾ, ਸੰਗਰੂਰ, ਮਲੇਰਕੋਟਲਾ ਅਤੇ ਬਰਨਾਲਾ ਜ਼ਿਲ੍ਹੇਆਂ ਦੇ ਨੌਜਵਾਨ ਆਪਣੀਆਂ ਅਰਜ਼ੀਆਂ ਭੇਜ ਸਕਦੇ ਨੇ I ਸਰਕਾਰ ਵੱਲੋਂ ਰਹਿਣ, ਖਾਣਾ, ਪੜਾਈ ਅਤੇ ਫਿਜ਼ੀਕਲ ਟੈਸਟ ਦੀ ਤਿਆਰੀ ਬਿਲਕੁਲ ਮੁਫ਼ਤ ਏ।

---

ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਖੇਡ ਵਿਭਾਗ ਦੁਆਰਾ "ਖੇਡਾਂ ਵਤਨ ਪੰਜਾਬ ਦੀਆਂ 2023" ਤਹਿਤ ਬਲਾਕ ਪੱਧਰ ਦੀਆਂ ਖੇਡਾਂ ਕਰਵਾਈਆਂ ਜਾ ਰਹੀਆਂ ਨੇ । ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਬਲਾਕ ਬੱਸੀ ਪਠਾਣਾ,ਅਮਲੋਹ ਤੇ ਖੇੜਾ ਦੀਆ ਖੇਡਾਂ ਦੇ ਆਖਰੀ ਦਿਨ ਵੱਖ ਵੱਖ ਮੁਕਾਬਲਿਆਂ ਵਿਚ ਅਥਲੈਟਿਕਸ, ਵਾਲੀਬਾਲ , ਫੁਟਬਾਲ, ਕਬੱਡੀ ਅਤੇ ਖੋਹ ਖੋਹ ਦੇ ਮੁਕਾਬਲੇ ਕਰਵਾਏ ਗਏ।ਇੱਸ ਮੌਕੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਲਈ ਪਹੁੰਚੇ **ਮਹਿਮਾਨਾਂ** ਨੇ ਕਿਹਾ ਕਿ ਨੌਜਵਾਨ ਆਪਣੀ ਊਰਜਾ ਨੂੰ ਉਸਾਰੂ ਕੰਮਾਂ ਵਿੱਚ ਲਗਾਉਣ। ਉਹਨਾਂ ਕਿਹਾ ਕਿ ਨਸ਼ਿਆ ਵਿੱਚੋਂ ਕੱਢਣ ਲਈ ਨੌਜਵਾਨਾਂ ਦਾ ਖੇਡਾਂ ਨਾਲ ਜੁੜਨਾ ਸਮੇਂ ਦੀ ਮੁੱਖ ਲੋੜ ਹੈ ਤੇ ਹਰ ਇੱਕ ਵਿਅਕਤੀ ਨੂੰ ਸਮਾਜਿਕ ਕੁਰੀਤੀਆਂ ਵਿਰੁੱਧ ਡਟ ਕੇ ਮੁਕਾਬਲਾ ਕਰਨਾ ਚਾਹੀਦਾ ਏ ।